ਰਾਗੁ ਵਡਹੰਸੁ ਮਹਲਾ ੧ ਘਰੁ ੫ ਅਲਾਹਣੀਆ ੴ ਸਤਿਗੁਰ ਪ੍ਰਸਾਦਿ ॥ ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ ॥ ਮੁਹਲਤਿ ਪੁਨੀ ਪਾਈ ਭਰੀ ਜਾਨੀਅੜਾ ਘਤਿ ਚਲਾਇਆ ॥ ਜਾਨੀ ਘਤਿ ਚਲਾਇਆ ਲਿਖਿਆ ਆਇਆ ਰੁੰਨੇ ਵੀਰ ਸਬਾਏ ॥ ਕਾਂਇਆ ਹੰਸ ਥੀਆ ਵੇਛੋੜਾ ਜਾਂ ਦਿਨ ਪੁੰਨੇ ਮੇਰੀ ਮਾਏ ॥ ਜੇਹਾ ਲਿਖਿਆ ਤੇਹਾ ਪਾਇਆ ਜੇਹਾ ਪੁਰਬਿ ਕਮਾਇਆ ॥ ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ ॥੧॥ ਸਾਹਿਬੁ ਸਿਮਰਹੁ ਮੇਰੇ ਭਾਈਹੋ ਸਭਨਾ ਏਹੁ ਪਇਆਣਾ ॥ ਏਥੈ ਧੰਧਾ ਕੂੜਾ ਚਾਰਿ ਦਿਹਾ ਆਗੈ ਸਰਪਰ ਜਾਣਾ ॥ ਆਗੈ ਸਰਪਰ ਜਾਣਾ ਜਿਉ ਮਿਹਮਾਣਾ ਕਾਹੇ ਗਾਰਬੁ ਕੀਜੈ ॥ ਜਿਤੁ ਸੇਵਿਐ ਦਰਗਹ ਸੁਖੁ ਪਾਈਐ ਨਾਮੁ ਤਿਸੈ ਕਾ ਲੀਜੈ ॥ ਆਗੈ ਹੁਕਮੁ ਨ ਚਲੈ ਮੂਲੇ ਸਿਰਿ ਸਿਰਿ ਕਿਆ ਵਿਹਾਣਾ ॥ ਸਾਹਿਬੁ ਸਿਮਰਿਹੁ ਮੇਰੇ ਭਾਈਹੋ ਸਭਨਾ ਏਹੁ ਪਇਆਣਾ ॥੨॥ ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ ॥ ਜਲਿ ਥਲਿ ਮਹੀਅਲਿ ਰਵਿ ਰਹਿਆ ਸਾਚੜਾ ਸਿਰਜਣਹਾਰੋ ॥ ਸਾਚਾ ਸਿਰਜਣਹਾਰੋ ਅਲਖ ਅਪਾਰੋ ਤਾ ਕਾ ਅੰਤੁ ਨ ਪਾਇਆ ॥ ਆਇਆ ਤਿਨ ਕਾ ਸਫਲੁ ਭਇਆ ਹੈ ਇਕ ਮਨਿ ਜਿਨੀ ਧਿਆਇਆ ॥ ਢਾਹੇ ਢਾਹਿ ਉਸਾਰੇ ਆਪੇ ਹੁਕਮਿ ਸਵਾਰਣਹਾਰੋ ॥ ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ ॥੩॥ ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ ॥ ਵਾਲੇਵੇ ਕਾਰਣਿ ਬਾਬਾ ਰੋਈਐ ਰੋਵਣੁ ਸਗਲ ਬਿਕਾਰੋ ॥ ਰੋਵਣੁ ਸਗਲ ਬਿਕਾਰੋ ਗਾਫਲੁ ਸੰਸਾਰੋ ਮਾਇਆ ਕਾਰਣਿ ਰੋਵੈ ॥ ਚੰਗਾ ਮੰਦਾ ਕਿਛੁ ਸੂਝੈ ਨਾਹੀ ਇਹੁ ਤਨੁ ਏਵੈ ਖੋਵੈ ॥ ਐਥੈ ਆਇਆ ਸਭੁ ਕੋ ਜਾਸੀ ਕੂੜਿ ਕਰਹੁ ਅਹੰਕਾਰੋ ॥ ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ ॥੪॥੧॥ {ਪੰਨਾ 578-579}

ਅਲਾਹਣੀਆ—ਕਿਸੇ ਦੇ ਮਰਨ ਤੇ ਗਾਏ ਜਾਣ ਵਾਲੇ ਗੀਤ। ਜਦੋਂ ਕੋਈ ਪ੍ਰਾਣੀ ਮਰਦਾ ਹੈ ਤਾਂ ਭਾਈਚਾਰੇ ਦੀਆਂ ਜ਼ਨਾਨੀਆਂ ਮਿਲ ਕੇ ਰੋਂਦੀਆਂ ਹਨ। ਮਿਰਾਸਣ ਉਸ ਮਰੇ ਪ੍ਰਾਣੀ ਦੀ ਸਿਫ਼ਤਿ ਵਿਚ ਕਵਿਤਾ ਜਿਹੀ ਵਾਂਗ ਕੋਈ ਤੁਕ ਸੁਰ ਵਿਚ ਪੜ੍ਹਦੀ ਹੈ, ਉਸ ਦੇ ਪਿੱਛੇ ਪਿੱਛੇ ਉਹੀ ਤੁਕ ਸਾਰੀਆਂ ਜ਼ਨਾਨੀਆਂ ਰਲ ਕੇ ਸੁਰ ਵਿਚ ਹੀ ਪੜ੍ਹਦੀਆਂ ਹਨ ਤੇ ਨਾਲ ਨਾਲ ਥੋੜਾ ਪਿੱਟਦੀਆਂ ਹਨ। ਉਹ ਪਿੱਟਣਾ ਭੀ ਤਾਲ-ਸਿਰ ਹੁੰਦਾ ਹੈ। ਮਿਰਾਸਣ ਦੇ ਉਸ ਗੀਤ ਨੂੰ 'ਅਲਾਹਣੀਆਂ' ਕਿਹਾ ਜਾਂਦਾ ਹੈ। ਸਤਿਗੁਰੂ ਜੀ ਇਸ ਰੋਣ ਪਿੱਟਣ ਵਲੋਂ ਵਰਜ ਕੇ ਪਰਮਾਤਮਾ ਦੀ ਰਜ਼ਾ ਵਿਚ ਤੁਰਨ ਤੇ ਉਸ ਦੀ ਸਿਫ਼ਤਿ-ਸਾਲਾਹ ਕਰਨ ਦਾ ਉਪਦੇਸ਼ ਦੇਂਦੇ ਹਨ।

ਪਦਅਰਥ:- ਧੰਨੁ—ਵਡਿਆਵਣ-ਜੋਗ। ਸਿਰੰਦਾ—ਪੈਦਾ ਕਰਨ ਵਾਲਾ, ਸਿਰਜਣਹਾਰ। ਸਚਾ—ਸਦਾ-ਥਿਰ ਰਹਿਣ ਵਾਲਾ। ਜਿਨਿ—ਜਿਸ (ਪਾਤਿਸ਼ਾਹ) ਨੇ। ਧੰਧੈ—(ਮਾਇਆ ਦੇ) ਆਹਰ ਵਿਚ। ਮੁਹਲਤਿ—ਮਿਲਿਆ ਸਮਾ। ਪੁਨੀ—ਪੁੰਨੀ, ਪੁੱਜ ਗਈ, ਪੂਰੀ ਹੋ ਗਈ। ਪਾਈ—ਪਨ-ਘੜੀ ਦੀ ਪਿਆਲੀ। ਇਸ ਦੇ ਹੇਠ-ਵਾਰ ਛੇਕ ਹੁੰਦਾ ਹੈ ਜਿਸ ਦੀ ਰਾਹੀਂ ਪਿਆਲੀ ਵਿਚ ਪਾਣੀ ਆਉਂਦਾ ਰਹਿੰਦਾ ਹੈ। ਪੂਰੇ ਇਕ ਘੰਟੇ ਵਿਚ ਪਿਆਲੀ ਪਾਣੀ ਨਾਲ ਭਰ ਕੇ ਪਾਣੀ ਵਿਚ ਡੁੱਬ ਜਾਂਦੀ ਹੈ। ਖ਼ਾਲੀ ਕਰ ਕੇ ਪਿਆਲੀ ਫਿਰ ਪਾਣੀ ਉੱਤੇ ਰੱਖ ਦਿੱਤੀ ਜਾਂਦੀ ਹੈ, ਤੇ ਇਸ ਤਰ੍ਹਾਂ ਇਕ ਇਕ ਘੰਟੇ ਦਾ ਸਮਾ ਮਲੂਮ ਹੁੰਦਾ ਰਹਿੰਦਾ ਹੈ। ਜਾਨੀਅੜਾ—ਪਿਆਰਾ ਸਾਥੀ ਜੀਵਾਤਮਾ। ਘਤਿ—ਫੜ ਕੇ। ਚਲਾਇਆ—ਅੱਗੇ ਲਾ ਲਿਆ ਜਾਂਦਾ ਹੈ। ਵੀਰ ਸਬਾਏ—ਸਾਰੇ ਵੀਰ, ਸਾਰੇ ਸੱਜਣ ਸੰਬੰਧੀ। ਹੰਸ—ਜੀਵਾਤਮਾ। ਪੁੰਨੇ—ਪੁੱਗ ਗਏ, ਮੁੱਕ ਗਏ। ਮਾਏ—ਹੇ ਮਾਂ! ਪੁਰਬਿ—ਮਰਨ ਤੋਂ ਪਹਿਲੇ ਸਮੇ ਵਿਚ।1।

ਪਇਆਣਾ—ਕੂਚ। ਏਥੈ—ਇਸ ਸੰਸਾਰ ਵਿਚ। ਸਰਪਰ—ਜ਼ਰੂਰ। ਮਿਹਮਾਣਾ—ਪ੍ਰਾਹੁਣਾ। ਗਾਰਬੁ—ਅਹੰਕਾਰ। ਜਿਤੁ ਸੇਵਿਐ—ਜਿਸ ਦਾ ਸਿਮਰਨ ਕੀਤਿਆਂ। ਮੂਲੇ—ਬਿਲਕੁਲ। ਸਿਰਿ ਸਿਰਿ—ਹਰੇਕ ਦੇ ਸਿਰ ਉੱਤੇ। ਕਿਆ—ਕੀਤਾ, ਆਪੋ ਆਪਣਾ ਕੀਤਾ ਕਰਮ। ਵਿਹਾਣਾ—ਬੀਤਦਾ ਹੈ।2।

ਸੰਮ੍ਰਥ—ਸਰਬ-ਸ਼ਕਤੀਮਾਨ। ਹੀਲੜਾ—ਬਹਾਨਾ। ਸੰਸਾਰੋ—(ਭਾਵ) ਸੰਸਾਰੀ ਜੀਵਾਂ ਦਾ ਉੱਦਮ। ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਪਰ, ਧਰਤੀ ਦੇ ਉਪਰਲੇ ਪੁਲਾੜ ਵਿਚ, ਆਕਾਸ਼ ਵਿਚ। ਅਲਖ—ਅਦ੍ਰਿਸ਼ਟ। ਇਕ ਮਨਿ—ਇਕ ਮਨ ਦੀ ਰਾਹੀਂ, ਸੁਰਤਿ ਜੋੜ ਕੇ। ਢਾਹਿ—ਢਾਹ ਕੇ। ਹੁਕਮਿ—ਹੁਕਮ ਅਨੁਸਾਰ।3।

ਬਾਬਾ—ਹੇ ਭਾਈ! ਰੁੰਨਾ ਜਾਣੀਐ—ਸਹੀ ਵੈਰਾਗ ਵਿਚ ਆਇਆ ਸਮਝੋ। ਵਾਲੇਵੇ ਕਾਰਣਿ—ਧਨ-ਪਦਾਰਥ ਦੀ ਖ਼ਾਤਰ। ਬਿਕਾਰੋ—ਬੇ-ਕਾਰ, ਵਿਅਰਥ। ਗਾਫਲੁ—ਬੇ-ਖ਼ਬਰ, ਲਾ-ਪਰਵਾਹ। ਖੋਵੈ—ਨਾਸ ਕਰਦਾ ਹੈ। ਕੂੜਿ—ਨਾਸਵੰਤ ਜਗਤ ਦੀ ਖ਼ਾਤਰ।4।

ਅਰਥ:- ਜਿਸ (ਪ੍ਰਭੂ) ਨੇ ਜਗਤ ਨੂੰ ਮਾਇਆ ਦੇ ਆਹਰ ਵਿਚ ਲਾ ਰੱਖਿਆ ਹੈ ਉਹੀ ਸਿਰਜਣਹਾਰ ਪਾਤਿਸ਼ਾਹ ਵਡਿਆਉਣ-ਜੋਗ ਹੈ। (ਕਿਉਂਕਿ ਉਹੀ) ਸਦਾ ਕਾਇਮ ਰਹਿਣ ਵਾਲਾ ਹੈ। (ਜੀਵ ਵਿਚਾਰੇ ਦੀ ਕੋਈ ਪਾਂਇਆਂ ਨਹੀਂ) ਜਦੋਂ ਜੀਵ ਨੂੰ ਮਿਲਿਆ ਸਮਾ ਮੁੱਕ ਜਾਂਦਾ ਹੈ ਜਦੋਂ ਇਸ ਦੀ ਉਮਰ ਦੀ ਪਿਆਲੀ ਭਰ ਜਾਂਦੀ ਹੈ ਤਾਂ (ਸਰੀਰ ਦੇ) ਪਿਆਰੇ ਸਾਥੀ ਨੂੰ ਫੜ ਕੇ ਅੱਗੇ ਲਾ ਲਿਆ ਜਾਂਦਾ ਹੈ। (ਉਮਰ ਦਾ ਸਮਾ ਮੁੱਕਣ ਤੇ) ਜਦੋਂ ਪਰਮਾਤਮਾ ਦਾ ਲਿਖਿਆ (ਹੁਕਮ) ਅਉਂਦਾ ਹੈ, ਸਰੀਰ ਦੇ ਪਿਆਰੇ ਸਾਥੀ ਜੀਵਾਤਮਾ ਨੂੰ ਫੜ ਕੇ ਅੱਗੇ ਲਾ ਲਿਆ ਜਾਂਦਾ ਹੈ, ਤੇ ਸਾਰੇ ਸੱਜਣ ਸੰਬੰਧੀ ਰੋਂਦੇ ਹਨ। ਹੇ ਮੇਰੀ ਮਾਂ! ਜਦੋਂ ਉਮਰ ਦੇ ਦਿਨ ਪੂਰੇ ਹੋ ਜਾਂਦੇ ਹਨ, ਤਾਂ ਸਰੀਰ ਤੇ ਜੀਵਾਤਮਾ ਦਾ (ਸਦਾ ਲਈ) ਵਿਛੋੜਾ ਹੋ ਜਾਂਦਾ ਹੈ। (ਉਸ ਅੰਤ ਸਮੇ ਤੋਂ) ਪਹਿਲਾਂ ਪਹਿਲਾਂ ਜੋ ਜੋ ਕਰਮ ਜੀਵ ਨੇ ਕਮਾਇਆ ਹੁੰਦਾ ਹੈ (ਉਸ ਉਸ ਦੇ ਅਨੁਸਾਰ) ਜਿਹੋ ਜਿਹਾ ਸੰਸਕਾਰਾਂ ਦਾ ਲੇਖ (ਉਸ ਦੇ ਮੱਥੇ ਤੇ) ਲਿਖਿਆ ਜਾਂਦਾ ਹੈ ਉਹੋ ਜਿਹਾ ਫਲ ਜੀਵ ਪਾਂਦਾ ਹੈ।

ਜਿਸ ਨੇ ਜਗਤ ਨੂੰ ਮਾਇਆ ਦੇ ਆਹਰ ਵਿਚ ਲਾ ਰੱਖਿਆ ਹੈ ਉਹੀ ਸਿਰਜਣਹਾਰ ਪਾਤਿਸ਼ਾਹ ਵਡਿਆਉਣ-ਜੋਗ ਹੈ ਉਹੀ ਸਦਾ ਕਾਇਮ ਰਹਿਣ ਵਾਲਾ ਹੈ।1।

ਹੇ ਮੇਰੇ ਭਰਾਵੋ! (ਸਦਾ-ਥਿਰ) ਮਾਲਕ-ਪ੍ਰਭੂ ਦਾ ਸਿਮਰਨ ਕਰੋ। (ਦੁਨੀਆ ਤੋਂ) ਇਹ ਕੂਚ ਸਭਨਾਂ ਨੇ ਹੀ ਕਰਨਾ ਹੈ। ਦੁਨੀਆ ਵਿਚ ਮਾਇਆ ਦਾ ਝੂਠਾ ਆਹਰ ਚਾਰ ਦਿਨਾਂ ਲਈ ਹੀ ਹੈ, (ਹਰੇਕ ਨੇ ਹੀ) ਇਥੋਂ ਅਗਾਂਹ (ਪਰਲੋਕ ਵਿਚ) ਜ਼ਰੂਰ ਚਲੇ ਜਾਣਾ ਹੈ। ਇਥੋਂ ਅਗਾਂਹ ਜ਼ਰੂਰ (ਹਰੇਕ ਨੇ) ਚਲੇ ਜਾਣਾ ਹੈ, (ਇਥੇ ਜਗਤ ਵਿਚ) ਅਸੀਂ ਪਰਾਹੁਣਿਆਂ ਵਾਂਗ ਹੀ ਹਾਂ, (ਕਿਸੇ ਵੀ ਧਨ ਪਦਾਰਥ ਆਦਿਕ ਦਾ) ਮਾਣ ਕਰਨਾ ਵਿਅਰਥ ਹੈ। ਉਸ ਪਰਮਾਤਮਾ ਦਾ ਹੀ ਨਾਮ ਸਿਮਰਨਾ ਚਾਹੀਦਾ ਹੈ ਜਿਸ ਦੇ ਸਿਮਰਨ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਆਤਮਕ ਆਨੰਦ ਮਿਲਦਾ ਹੈ। (ਜਗਤ ਵਿਚ ਤਾਂ ਧਨ ਪਦਾਰਥ ਵਾਲੇ ਦਾ ਹੁਕਮ ਚੱਲ ਸਕਦਾ ਹੈ, ਪਰ) ਪਰਲੋਕ ਵਿਚ ਕਿਸੇ ਦਾ ਭੀ ਹੁਕਮ ਉੱਕਾ ਹੀ ਨਹੀਂ ਚੱਲ ਸਕਦਾ, ਉਥੇ ਤਾਂ ਹਰੇਕ ਦੇ ਸਿਰ ਉਤੇ (ਆਪੋ ਆਪਣੇ) ਕੀਤੇ ਅਨੁਸਾਰ ਬੀਤਦੀ ਹੈ।

ਹੇ ਮੇਰੇ ਭਰਾਵੋ! (ਸਦਾ-ਥਿਰ) ਮਾਲਕ-ਪ੍ਰਭੂ ਦਾ ਸਿਮਰਨ ਕਰੋ। (ਦੁਨੀਆ ਤੋਂ) ਇਹ ਕੂਚ ਸਭ ਨੇ ਹੀ ਕਰ ਜਾਣਾ ਹੈ।2।

ਜਗਤ ਦੇ ਜੀਵਾਂ ਦਾ ਉੱਦਮ ਤਾਂ ਇਕ ਬਹਾਨਾ ਹੀ ਹੈ, ਹੁੰਦਾ ਉਹੀ ਕੁਝ ਹੈ ਜੋ ਉਸ ਸਰਬ-ਸ਼ਕਤੀਮਾਨ ਪ੍ਰਭੂ ਨੂੰ ਭਾਉਂਦਾ ਹੈ। ਉਹ ਸਦਾ-ਥਿਰ ਰਹਿਣ ਵਾਲਾ ਸਿਰਜਣਹਾਰ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਮੌਜੂਦ ਹੈ। ਉਹ ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ ਸਭ ਦਾ ਪੈਦਾ ਕਰਨ ਵਾਲਾ ਹੈ, ਅਦ੍ਰਿਸ਼ਟ ਹੈ, ਬੇਅੰਤ ਹੈ, ਕੋਈ ਭੀ ਜੀਵ ਉਸ ਦੇ ਗੁਣਾਂ ਦਾ ਅੰਤ ਨਹੀਂ ਲੱਭ ਸਕਦਾ। ਜਗਤ ਵਿਚ ਜੰਮਣਾ ਉਹਨਾਂ ਦਾ ਹੀ ਸਫਲ ਕਿਹਾ ਜਾਂਦਾ ਹੈ ਜਿਨ੍ਹਾਂ ਨੇ ਉਸ ਬੇਅੰਤ ਪ੍ਰਭੂ ਨੂੰ ਸੁਰਤਿ ਜੋੜ ਕੇ ਸਿਮਰਿਆ ਹੈ। ਉਹ ਪਰਮਾਤਮਾ ਆਪ ਹੀ ਜਗਤ-ਰਚਨਾ ਨੂੰ ਢਾਹ ਦੇਂਦਾ ਹੈ, ਢਾਹ ਕੇ ਆਪ ਹੀ ਫਿਰ ਬਣਾ ਲੈਂਦਾ ਹੈ, ਉਹ ਆਪਣੇ ਹੁਕਮ ਵਿਚ ਜੀਵਾਂ ਨੂੰ ਚੰਗੇ ਜੀਵਨ ਵਾਲੇ ਬਣਾਂਦਾ ਹੈ।

ਜਗਤ ਦੇ ਜੀਵਾਂ ਦਾ ਉੱਦਮ ਤਾਂ ਇਕ ਬਹਾਨਾ ਹੀ ਹੈ, ਹੁੰਦਾ ਉਹੀ ਕੁਝ ਹੈ ਜੋ ਉਸ ਸਰਬ-ਸ਼ਕਤੀਮਾਨ ਪ੍ਰਭੂ ਨੂੰ ਚੰਗਾ

ਲੱਗਦਾ ਹੈ।3।

ਹੇ ਨਾਨਕ! (ਆਖ—ਵਿਛੁੜੇ ਸਨਬੰਧੀਆਂ ਦੀ ਮੌਤ ਤੇ ਤਾਂ ਹਰ ਕੋਈ ਵੈਰਾਗ ਵਿਚ ਆ ਜਾਂਦਾ ਹੈ, ਪਰ ਇਹ ਵੈਰਾਗ ਕਿਸੇ ਅਰਥ ਨਹੀਂ) ਹੇ ਭਾਈ! ਉਸੇ ਮਨੁੱਖ ਨੂੰ ਸਹੀ ਵੈਰਾਗ ਵਿਚ ਆਇਆ ਜਾਣੋ, ਜੋ ਪਿਆਰ ਨਾਲ (ਪਰਮਾਤਮਾ ਦੇ ਮਿਲਾਪ ਦੀ ਖ਼ਾਤਰ) ਵੈਰਾਗ ਵਿਚ ਆਉਂਦਾ ਹੈ। ਹੇ ਭਾਈ! ਦੁਨੀਆ ਦੇ ਧਨ ਪਦਾਰਥ ਦੀ ਖ਼ਾਤਰ ਜੋ ਰੋਵੀਦਾ ਹੈ ਉਹ ਰੋਣਾ ਸਾਰਾ ਹੀ ਵਿਅਰਥ ਜਾਂਦਾ ਹੈ। ਪਰਮਾਤਮਾ ਵਲੋਂ ਭੁੱਲਾ ਹੋਇਆ ਜਗਤ ਮਾਇਆ ਦੀ ਖ਼ਾਤਰ ਰੋਂਦਾ ਹੈ ਇਹ ਸਾਰਾ ਹੀ ਰੁਦਨ ਵਿਅਰਥ ਹੈ। (ਇਸ ਰੋਣ ਨਾਲ) ਮਨੁੱਖ ਨੂੰ ਚੰਗੇ ਮੰਦੇ ਕੰਮ ਦੀ ਪਛਾਣ ਨਹੀਂ ਆਉਂਦੀ, (ਮਾਇਆ ਦੀ ਖ਼ਾਤਰ ਰੋ ਰੋ ਕੇ) ਇਸ ਸਰੀਰ ਨੂੰ ਵਿਅਰਥ ਹੀ ਨਾਸ ਕਰ ਲੈਂਦਾ ਹੈ। ਹੇ ਭਾਈ! ਹਰੇਕ ਜੀਵ ਜੋ ਜਗਤ ਵਿਚ (ਜਨਮ ਲੈ ਕੇ) ਆਇਆ ਹੈ (ਆਪਣਾ ਸਮਾ ਮੁਕਾ ਕੇ) ਚਲਾ ਜਾਇਗਾ, ਨਾਸਵੰਤ ਜਗਤ ਦੇ ਮੋਹ ਵਿਚ ਫਸ ਕੇ (ਵਿਅਰਥ) ਮਾਣ ਕਰਦੇ ਹੋ।

ਹੇ ਨਾਨਕ! (ਆਖ—) ਹੇ ਭਾਈ! ਉਸੇ ਮਨੁੱਖ ਨੂੰ ਸਹੀ ਵੈਰਾਗ ਵਿਚ ਆਇਆ ਸਮਝੋ ਜੋ (ਪਰਮਾਤਮਾ ਦੇ ਮਿਲਾਪ ਦੀ ਖ਼ਾਤਰ) ਪਿਆਰ ਨਾਲ ਵੈਰਾਗ ਵਿਚ ਆਉਂਦਾ ਹੈ।4।1।